# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :11-04-2026**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਵਪਾਰ ਤੇ ਸਨਅਤ ਮੰਤਰੀ ਪੀਯੂਸ਼ ਗੋਇਲ ਨੇ ਵਿਸ਼ਵਾਸ ਪ੍ਰਗਟ ਕੀਤਾ ਏ ਕਿ ਹਾਲ ਹੀ ਵਿੱਚ ਐਲਾਨੀ ਗਈ ਜੰਗਬੰਦੀ ਪੱਛਮੀ ਏਸ਼ੀਆ ਵਿੱਚ ਸਥਾਈ ਸ਼ਾਂਤੀ ਅਤੇ ਸੁਰੱਖਿਆ ਦਾ ਰਾਹ ਪੱਧਰਾ ਕਰੇਗੀ।
- ਪੰਜਾਬ ਮੰਤਰੀ ਮੰਡਲ ਨੇ ''ਜਗਤ Jot Sri Guru Granth Sahib Satkar (ਸੋਧ) ਬਿੱਲ, 2026' ਨੂੰ ਮਨਜ਼ੂਰੀ ਦੇ ਦਿੱਤੀ ਏ। 13 ਅਪ੍ਰੈਲ ਨੂੰ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਵਿਚ ਕੀਤਾ ਜਾਵੇਗਾ ਪੇਸ਼।
- ਮਥੁਰਾ ਨੇੜੇ ਕਿਸ਼ਤੀ ਪਲਟਣ ਦੀ ਦੁਖਦਾਈ ਘਟਨਾ ਵਿੱਚ ਮਾਰੇ ਗਏ ਲੁਧਿਆਣਾ ਤੋਂ 11  ਸ਼ਰਧਾਲੂਆਂ ਵਿਚੋਂ 8 ਦਾ ਅੰਤਿਮ ਸੰਸਕਾਰ ਅੱਜ ਕਰ ਦਿੱਤਾ ਗਿਆ ਏ. ਮੁੱਖ ਮੰਤਰੀ

ਭਗਵੰਤ ਸਿੰਘ ਮਾਨ ਨੇ ਦੁਖੀ ਪਰਿਵਾਰਾਂ ਨਾਲ ਦੁੱਖ ਸਾਂਝਾ ਕੀਤਾ ਅਤੇ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ।

- ਭਾਰਤੀ ਜਨਤਾ ਪਾਰਟੀ ਪੰਜਾਬ ਦੇ ਪ੍ਰਧਾਨ ਸੁਨੀਲ ਜਾਖੜ ਨੇ  ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਵਿਗੜਦੀ ਸਥਿਤੀ ‘ਤੇ ਚਿੰਤਾ ਜ਼ਾਹਿਰ ਕਰਦਿਆਂ ਕਿਹੈ ਕਿ ਕੇਂਦਰ ਸਰਕਾਰ ਇਸ 'ਤੇ ਨਜ਼ਰ ਰੱਖ ਰਹੀ ਏ।
- CBI ਨੇ ਪੰਜਾਬ ਚੰਡੀਗੜ੍ਹ ਅਤੇ ਹਰਿਆਣਾ, ਵਿੱਚ ਸਰਗਰਮ ਭੂਪੀ ਰਾਣਾ ਗੈਂਗ ਦੇ ਥਾਈਲੈਂਡ ਤੋਂ ਲੋੜੀਂਦੇ ਭਗੌੜੇ, ਸਾਹਿਲ ਚੌਹਾਨ ਨੂੰ ਦੇਸ਼ ਵਾਪਿਸ ਲਿਆਂਦਾ ਏ

---------------------------------------------------------

ਵਪਾਰ ਤੇ ਸਨਅਤ ਮੰਤਰੀ ਪੀਯੂਸ਼ ਗੋਇਲ ਨੇ ਵਿਸ਼ਵਾਸ ਪ੍ਰਗਟ ਕੀਤਾ ਏ ਕਿ ਹਾਲ ਹੀ ਵਿੱਚ ਐਲਾਨੀ ਗਈ ਜੰਗਬੰਦੀ ਪੱਛਮੀ ਏਸ਼ੀਆ ਵਿੱਚ ਸਥਾਈ ਸ਼ਾਂਤੀ ਅਤੇ ਸੁਰੱਖਿਆ ਦਾ ਰਾਹ ਪੱਧਰਾ ਕਰੇਗੀ। ਸ਼੍ਰੀ ਗੋਇਲ ਨੇ ਇਹ ਗੱਲ ਆਪਣੇ ਸਾਊਦੀ ਅਰਬ ਦੇ ਹਮਰੁਤਬਾ ਡਾ. ਮਾਜਿਦ ਬਿਨ ਅਬਦੁੱਲਾ ਅਲ ਕਸਾਬੀ ਨਾਲ ਇੱਕ ਵਰਚੁਅਲ ਕਾਲ ਦੌਰਾਨ ਕਹੀ।ਉਨ੍ਹਾਂ ਨੇ ਸਾਊਦੀ ਲੋਕਾਂ ਦੀ ਵਧਦੀਆਂ ਰੁਕਾਵਟਾਂ ਅਤੇ ਅਸਥਿਰਤਾ ਦਰਮਿਆਨ ਸਪਲਾਈ ਲੜੀ ਲਚਕੀਲਾਪਣ ਬਣਾਈ ਰੱਖਣ ਦੇ ਅਹਿਦ

ਦੀ ਭਾਵਨਾ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਨੇ ਚੱਲ ਰਹੇ ਟਕਰਾਅ ਦੌਰਾਨ ਦੇਸ਼ ਵਿੱਚ ਹਮਲਿਆਂ ਦੀ ਨਿਖੇਧੀ ਕੀਤੀ ਅਤੇ ਭਾਰਤੀ ਭਾਈਚਾਰੇ ਦੀ ਰੱਖਿਆ ਲਈ ਸਾਊਦੀ ਅਰਬ ਦੇ ਯਤਨਾਂ ਦੀ ਸ਼ਲਾਘਾ ਕੀਤੀ।

---------------------------------------------------------

ਪੰਜਾਬ ਮੰਤਰੀ ਮੰਡਲ ਨੇ ਅੱਜ ਕੈਬਨਿਟ ਮੀਟਿੰਗ ਦੌਰਾਨ, ''Jagat Jot Sri Guru Granth Sahib Satkar (ਸੋਧ) ਬਿੱਲ, 2026' ਨੂੰ ਮਨਜ਼ੂਰੀ ਦੇ ਦਿੱਤੀ ਏ। ਸੂਬੇ ਦੇ ਖਜ਼ਾਨਾਂ ਮੰਤਰੀ, ਹਰਪਾਲ ਸਿੰਘ ਚੀਮਾ ਨੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਇਸ ਫੈਸਲੇ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਬਿੱਲ ਵਿੱਚ, ਬੇਅਦਬੀ ਦੇ ਮਾਮਲਿਆਂ ਵਿੱਚ ਦੋਸ਼ੀ ਪਾਏ ਜਾਣ ਵਾਲਿਆਂ 'ਤੇ 5 ਲੱਖ ਰੁਪਏ ਤੋਂ 25 ਲੱਖ ਰੁਪਏ ਤੱਕ ਦਾ ਜੁਰਮਾਨਾ ਲਾਉਣ ਦੀ ਵਿਵਸਥਾ ਏ। BYTE :
ਇਹ ਬਿੱਲ ਵਿਸਾਖੀ ਵਾਲੇ ਦਿਨ ਹੋਣ ਵਾਲੇ ਵਿਸ਼ੇਸ਼ ਵਿਧਾਨ ਸਭਾ ਇਜਲਾਸ ਵਿੱਚ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਮੰਤਰੀ ਮੰਡਲ ਨੇ ਸੂਬੇ ਦੇ 11 ਹਜ਼ਾਰ 500 ਪਿੰਡਾਂ ਵਿੱਚ ਸੂਰਜੀ ਊਰਜਾ ਨਾਲ ਚੱਲਣ ਵਾਲੀਆਂ ਸਟਰੀਟ ਲਾਈਟਾਂ ਲਗਾਉਣ ਨੂੰ ਮਨਜ਼ੂਰੀ ਦੇ ਦਿੱਤੀ ਏ, ਜਿੱਥੇ ਸੂਬਾ ਸਰਕਾਰ 70 ਫ਼ੀਸਦੀ ਲਾਗਤ ਦਾ ਬੋਝ ਚੁਕੇਗੀ ਅਤੇ 30 ਫ਼ੀਸਦੀ ਲਾਗਤ ਦਾ ਬੋਝ ਸੰਬੰਧਤ ਗ੍ਰਾਮ ਪੰਚਾਇਤਾਂ ਵੱਲੋਂ ਚੁਕਿਆ

ਜਾਵੇਗਾ। ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਏਸ਼ੀਆਈ ਹਾਕੀ ਅੰਤਰਰਾਸ਼ਟਰੀ ਟੂਰਨਾਮੈਂਟ ਦੇ ਦੋ ਮੈਚਾਂ ਲਈ, ਮੰਤਰੀ ਮੰਡਲ ਵੱਲੋਂ 25 ਕਰੋੜ 40 ਲੱਖ ਰੁਪਏ ਦੇ ਬਜਟ ਨੂੰ ਵੀ ਮਨਜ਼ੂਰੀ ਦੇ ਦਿੱਤੀ ਗਈ ਏ। ਉਨ੍ਹਾਂ ਕਿਹਾ ਕਿ ਸੂਬੇ ਦੇ ਖੇਡ ਵਿਭਾਗ ਨੇ ਟੂਰਨਾਮੈਂਟ ਕਰਵਾਉਣ ਲਈ, ਹਾਕੀ ਇੰਡੀਆ ਨਾਲ ਇੱਕ ਸਮਝੌਤਾ ਕੀਤਾ ਏ। ਇਹ ਟੂਰਨਾਮੈਂਟ ਇਸ ਸਾਲ ਅਕਤੂਬਰ ਵਿੱਚ ਹੋਵੇਗਾ ਅਤੇ ਦੋ ਮੈਚ, ਮੋਹਾਲੀ ਤੇ ਜਲੰਧਰ ਦੇ ਸਟੇਡੀਅਮ ਵਿੱਚ ਖੇਡੇ ਜਾਣਗੇ। ਪੰਜਾਬ ਪਹਿਲੀ ਵਾਰ ਇਸ ਅੰਤਰਰਾਸ਼ਟਰੀ ਹਾਕੀ ਟੂਰਨਾਮੈਂਟ ਦੀ ਮੇਜ਼ਬਾਨੀ ਕਰ ਰਿਹਾ ਏ।

-----------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜਗਰਾਉਂ ਦਾ ਦੌਰਾ ਕਰਕੇ ਮਥੁਰਾ ਨੇੜੇ ਕਿਸ਼ਤੀ ਪਲਟਣ ਦੀ ਦੁਖਦਾਈ ਘਟਨਾ ਵਿੱਚ ਆਪਣੇ ਅਜ਼ੀਜ਼ਾ ਨੂੰ ਗੁਆਉਣ ਵਾਲੇ ਪਰਿਵਾਰਾਂ ਨਾਲ ਦੁੱਖ ਸਾਂਝਾ ਕੀਤਾ ਅਤੇ ਪੀੜਤਾਂ ਪਰਿਵਾਰਾਂ ਨੂੰ ਸੰਕਟ ਦੀ ਇਸ ਘੜੀ ਵਿੱਚ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ। ਇਸ ਘਟਨਾ ਦੌਰਾਨ ਹੋਏ ਜਾਨੀ ਨੁਕਸਾਨ 'ਤੇ ਡੂੰਘਾ ਦੁੱਖ ਪ੍ਰਗਟ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲਗਾਤਾਰ ਉੱਤਰ ਪ੍ਰਦੇਸ਼ ਸਰਕਾਰ ਦੇ ਸੰਪਰਕ ਵਿੱਚ ਏ ਅਤੇ ਪੰਜਾਬ ਵੱਲੋਂ ਬਚਾਅ ਕਾਰਜਾਂ ਵਿੱਚ ਸਹਾਇਤਾ ਲਈ ਗੋਤਾਖੋਰਾਂ ਦੀਆਂ ਟੀਮਾਂ ਪਹਿਲਾਂ ਹੀ ਭੇਜੀਆਂ ਜਾ ਚੁੱਕੀਆਂ ਨੇ-

byte – CM – 24 sec

ਜਵਾਬਦੇਹੀ ਅਤੇ ਰੋਕਥਾਮ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਧਾਰਮਿਕ ਸਥਾਨਾਂ 'ਤੇ ਸ਼ਰਧਾਲੂਆਂ ਦੀ ਸੁਰੱਖਿਆ ਨੂੰ ਹਰ ਕੀਮਤ 'ਤੇ ਯਕੀਨੀ ਬਣਾਇਆ ਜਾਣਾ ਚਾਹੀਦਾ ਏ। ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਉਨ੍ਹਾਂ ਨੇ ਭਵਿੱਖ ਵਿੱਚ ਸੁਰੱਖਿਆ ਪ੍ਰਬੰਧਾਂ ਨੂੰ ਮਜ਼ਬੂਤ ਕਰਨ ਅਤੇ ਅਜਿਹੀਆਂ ਘਟਨਾਵਾਂ ਨੂੰ ਹੋਣ ਤੋਂ ਰੋਕਣ ਲਈ ਇਹ ਮਾਮਲਾ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਕੋਲ ਉਠਾਇਆ ਏ। ਓਹਨਾਂ ਇਹ ਵੀ ਕਿਹਾ ਕਿ ਇਸ ਦੁਖਾਂਤ ਵਿੱਚ ਬਚੇ ਲੋਕਾਂ ਨੂੰ ਜ਼ਰੂਰੀ ਡਾਕਟਰੀ ਇਲਾਜ ਮੁਹੱਈਆ ਕਰਵਾਇਆ ਜਾ ਰਿਹਾ ਏ . ਇਹ ਪੀੜਤ ਵ੍ਰਿੰਦਾਵਨ ਵਿਖੇ ਮੱਥਾ ਟੇਕਣ ਜਾ ਰਹੇ ਸਨ, ਜਦੋਂ ਉਨ੍ਹਾਂ ਨੂੰ ਲਿਜਾ ਰਹੀ ਕਿਸ਼ਤੀ ਯਮੁਨਾ ਦਰਿਆ ਵਿੱਚ ਪਲਟ ਗਈ। ਹੁਣ ਤੱਕ 11 ਦੇਹਾਂ ਬਰਾਮਦ ਕੀਤੀਆਂ ਗਈਆਂ ਨੇ, ਜਦੋਂ ਕਿ ਚਾਰ ਲਾਪਤਾ ਵਿਅਕਤੀਆਂ ਦੀ ਭਾਲ ਅਜੇ ਵੀ ਜਾਰੀ ਏ। ਮਾਰੇ ਗਏ 11 ਸ਼ਰਧਾਲੂਆਂ ਵਿਚੋਂ 8 ਦਾ ਸੰਸਕਾਰ ਅੱਜ ਕਰ ਦਿੱਤਾ ਗਿਆ ਏ. ਇਨ੍ਹਾਂ ਵਿਚੋਂ 7 ਸ਼ਰਧਾਲੂਆ ਦਾ ਅੰਤਿਮ ਸੰਸਕਾਰ ਜਗਰਾਓਂ ਵਿੱਚ ਕੀਤਾ ਗਿਆ ਏ, ਜਿਥੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਮੌਜੂਦ ਸਨ.

---------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਵਰਿੰਦਾਵਨ ਵਿੱਚ ਯਮੁਨਾ ਦਰਿਆ ਵਿੱਚ ਕਿਸ਼ਤੀ ਪਲਟਣ ਕਾਰਨ ਜਾਨਾਂ ਗੁਆਉਣ ਵਾਲੇ ਲੋਕਾਂ ਪ੍ਰਤੀ ਡੂੰਘੇ ਦੁੱਖ ਅਤੇ ਦਿਲੀ ਸਦਭਾਵਨਾ ਦਾ ਪ੍ਰਗਟਾਵਾ ਕੀਤਾ ਏ। ਓਹਨਾਂ ਵਿਛੜੀਆਂ ਰੂਹਾਂ ਨੂੰ ਸ਼ਾਂਤੀ ਦੇਣ ਅਤੇ ਇਸ ਦੁਖਦਾਈ ਘਟਨਾ ਵਿੱਚ ਜ਼ਖਮੀ ਹੋਏ ਲੋਕਾਂ ਦੀ ਜਲਦ ਸਿਹਤਯਾਬੀ ਲਈ ਪ੍ਰਮਾਤਮਾ ਅੱਗੇ ਅਰਦਾਸ ਕੀਤੀ।

---------------------------------------------------------

ਇਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਭਿਆਨਕ ਹਾਦਸੇ ’ਚ ਮਾਰੇ ਗਏ ਲੋਕਾਂ ਪ੍ਰਤੀ ਸੰਵੇਦਨਾ ਪ੍ਰਗਟ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਪੀੜ੍ਹਤ ਪਰਿਵਾਰਾਂ ਦੇ ਦੁੱਖ ਵਿਚ ਸ਼ਰੀਕ ਏ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠ ਮਥੁਰਾ ਵਿਖੇ ਸਥਿਤ ਗੁਰਦੁਆਰਾ ਸਾਹਿਬ ਵਿਖੇ ਯੂ.ਪੀ. ਸਿੱਖ ਮਿਸ਼ਨ ਹਾਪੁੜ ਦੀ ਡਿਊਟੀ ਲਗਾਈ ਗਈ ਏ, ਜੋ ਲੋੜ ਅਨੁਸਾਰ ਪੀੜਤਾਂ ਦੀ ਸਹਾਇਤਾ ਕਰਨਗੇ।

---------------------------------------------------------

ਇਸ ਦੌਰਾਨ  ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ ਕਲ੍ਹ ਪਹਿਲਾਂ ਹੀ ਮਥੁਰਾ ਕਿਸ਼ਤੀ ਹਾਦਸੇ ਵਿੱਚ ਮਾਰੇ ਗਏ ਹਰੇਕ ਮ੍ਰਿਤਕ ਦੇ ਰਿਸ਼ਤੇਦਾਰਾਂ

ਲਈ ਪ੍ਰਧਾਨ ਮੰਤਰੀ ਰਾਸ਼ਟਰੀ ਰਾਹਤ ਫੰਡ (PMNRF) ਤੋਂ 2 – 2 ਲੱਖ ਰੁਪਏ ਦੀ ਰਾਹਤ ਰਕਮ ਦਾ ਐਲਾਨ ਕੀਤਾ ਗਿਆ ਏ, ਜਦੋਂ ਕਿ ਜ਼ਖਮੀਆਂ ਨੂੰ 50- 50 ਹਜ਼ਾਰ ਰੁਪਏ ਦਿੱਤੇ ਜਾਣਗੇ।

---------------------------------------------------

ਭਾਰਤੀ ਜਨਤਾ ਪਾਰਟੀ ਪੰਜਾਬ ਦੇ ਪ੍ਰਧਾਨ ਸੁਨੀਲ ਜਾਖੜ ਦਾ ਕਹਿਣਾ ਏ ਕਿ ਕੇਂਦਰ ਸਰਕਾਰ ਸੂਬੇ, ਵਿੱਚ ਮੌਜੂਦਾ ਕਾਨੂੰਨ ਵਿਵਸਥਾ ਦੀ ਸਥਿਤੀ 'ਤੇ ਨਜ਼ਰ ਰੱਖ ਰਹੀ ਏ। ਅੱਜ ਜਲੰਧਰ ਵਿੱਚ ਇੱਕ ਪ੍ਰੈਸ ਕਾਨਫਰੰਸ ਦੌਰਾਨ, ਪੰਜਾਬ ਵਿੱਚ ਵਿਗੜਦੀ ਕਾਨੂੰਨ ਵਿਵਸਥਾ ਦੀ ਸਥਿਤੀ ਬਾਰੇ ਇੱਕ ਸਵਾਲ ਦਾ ਜਵਾਬ ਦਿੰਦਿਆਂ, ਸ੍ਰੀ ਜਾਖੜ ਨੇ ਕਿਹਾ ਕਿ ਉਨ੍ਹਾਂ ਨੇ ਗ੍ਰਹਿ ਮੰਤਰੀ ਨਾਲ ਗੱਲ ਕੀਤੀ ਏ ਅਤੇ ਉਨ੍ਹਾਂ ਨੇ ਭਰੋਸਾ ਦਿੱਤਾ ਏ ਕਿ ਸਥਿਤੀ ਨੂੰ ਹੱਥਾਂ 'ਚੋਂ ਨਿਕਲਣ ਨਹੀਂ ਦਿੱਤਾ ਜਾਵੇਗਾ- BYTE-Jakhar-HM-1

ਹਾਲੀਆ ਬਾਰਿਸ਼ਾਂ ਕਾਰਣ ਖੜ੍ਹੀਆਂ ਫਸਲਾਂ ਨੂੰ ਹੋਏ ਨੁਕਸਾਨ ਬਾਰੇ ਬੋਲਦਿਆਂ ਸ੍ਰੀ ਜਾਖੜ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਸੁਆਲ ਕੀਤਾ ਕਿ ਸੂਬਾ ਸਰਕਾਰ, ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਨੂੰ ਕਿਉਂ ਲਾਗੂ ਨਹੀਂ ਕਰ ਰਹੀ। ਉਨ੍ਹਾਂ ਕਿਹਾ ਕਿ ਜੇਕਰ ਇਹ ਫਸਲ ਬੀਮਾ ਯੋਜਨਾ ਲਾਗੂ ਕੀਤੀ ਜਾਂਦੀ ਤਾਂ ਪ੍ਰਭਾਵਿਤ ਕਿਸਾਨਾਂ ਨੂੰ ਮੁਆਵਜ਼ਾ ਮਿਲਦਾ- BYTE-Jakhar-Fasal Bima-2

ਉਨ੍ਹਾਂ ਇਹ ਵੀ ਕਿਹਾ ਕਿ ਇਸ 'ਤੇ ਚਰਚਾ ਕਰਨ ਲਈ 13 ਅਪ੍ਰੈਲ ਨੂੰ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਬੁਲਾਉਣ ਤੋਂ ਪਹਿਲਾਂ ਬੇਅਦਬੀ ਵਿਰੋਧੀ ਕਾਨੂੰਨ ਦੇ ਖਰੜੇ 'ਤੇ ਆਮ ਜਨਤਾ 'ਤੇ ਵਿਚਾਰ ਲੈਣੇ ਚਾਹੀਦੇ ਸਨ । ਇਸ ਤੋਂ ਪਹਿਲਾਂ, ਸ੍ਰੀ ਜਾਖੜ ਅਤੇ ਪੰਜਾਬ ਭਾਜਪਾ ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਕੁਮਾਰ ਨੇ ਇੱਕ NRI ਸੰਮੇਲਨ ਨੂੰ ਵੀ ਸੰਬੋਧਨ ਕੀਤਾ ਜਿੱਥੇ ਪੰਜਾਬ ਦੇ ਬਹੁਤ ਸਾਰੇ NRIs ਨੇ ਸੁਰੱਖਿਆ ਮੁੱਦਿਆਂ ਅਤੇ ਆਪਣੇ ਕੰਮ ਕਰਵਾਉਣ ਲਈ ਦਰਪੇਸ਼ ਸਮੱਸਿਆਵਾਂ ਬਾਰੇ ਆਪਣੀਆਂ ਚਿੰਤਾਵਾਂ ਜ਼ਾਹਿਰ ਕੀਤੀਆਂ।

-------------------------------------------------------

ਕੇਂਦਰੀ ਜਾਂਚ ਬਿਊਰੋ (CBI) ਨੇ ਥਾਈਲੈਂਡ ਤੋਂ ਲੋੜੀਂਦੇ ਭਗੌੜੇ, ਸਾਹਿਲ ਚੌਹਾਨ ਦੀ ਵਾਪਸੀ ਦਾ ਸਫਲਤਾ ਨਾਲ ਤਾਲਮੇਲ ਕੀਤਾ ਏ । ਉਹ ਹਰਿਆਣਾ ਪੁਲਿਸ ਨੂੰ ਕਤਲ, ਕਤਲ ਦੀ ਕੋਸ਼ਿਸ਼, ਡਕੈਤੀ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਵਰਤੋਂ ਨਾਲ ਸਬੰਧਤ ਕਈ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦਾ ਸੀ। CBI ਨੇ ਕਿਹਾ ਏ ਕਿ, ਸਾਹਿਲ ਪੰਜਾਬ ਚੰਡੀਗੜ੍ਹ ਅਤੇ ਹਰਿਆਣਾ, ਵਿੱਚ ਸਰਗਰਮ ਭੂਪੀ ਰਾਣਾ ਗੈਂਗ ਦਾ ਇੱਕ ਮੁੱਖ ਮੈਂਬਰ ਏ । ਏਜੰਸੀ ਨੇ ਕਿਹਾ ਕਿ ਹਰਿਆਣਾ ਪੁਲਿਸ ਅਤੇ ਨਾਰਕੋਟਿਕਸ ਕੰਟਰੋਲ ਬਿਊਰੋ ਦੀ ਬੇਨਤੀ 'ਤੇ, ਸਾਹਿਲ ਵਿਰੁੱਧ ਰੈੱਡ ਨੋਟਿਸ ਜਾਰੀ ਕੀਤਾ ਗਿਆ ਸੀ। ਉਹ ਕੱਲ੍ਹ ਦਿੱਲੀ ਅੰਤਰਰਾਸ਼ਟਰੀ

ਹਵਾਈ ਅੱਡੇ 'ਤੇ ਪਹੁੰਚਿਆ ਜਿੱਥੇ ਉਸਨੂੰ ਹਰਿਆਣਾ ਪੁਲਿਸ ਦੀ ਇੱਕ ਟੀਮ ਨੇ ਹਿਰਾਸਤ ਵਿੱਚ ਲੈ ਲਿਆ। ਪਿਛਲੇ ਕੁਝ ਸਾਲਾਂ ਵਿੱਚ ਇੰਟਰਪੋਲ ਮਾਧਿਅਮਾਂ ਰਾਹੀਂ ਤਾਲਮੇਲ ਰਾਹੀਂ 150 ਤੋਂ ਵੱਧ ਲੋੜੀਂਦੇ ਅਪਰਾਧੀਆਂ ਨੂੰ ਵਾਪਸ ਲਿਆਂਦਾ ਗਿਆ ਏ ।

---------------------------------------------

ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਅੱਜ ਗੁਰਦੁਆਰਾ ਸ਼੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋਏ. ਮਥਾ ਟੇਕਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਓਹਨਾਂ ਕਿਹਾ ਕਿ ਫ਼ਤਹਿਗੜ੍ਹ ਸਾਹਿਬ ਦੀ ਧਰਤੀ ਦੇਸ਼ਵਾਸੀਆਂ ਲਈ ਤੀਰਥ ਸਥਾਨ ਵਾਂਗ ਏ ।
ਸ਼੍ਰੀ ਕਟਾਰੀਆ ਨੇ ਦੀਵਾਨ ਟੋਡਰ ਮੱਲ ਹਵੇਲੀ ਦੇ ਚੱਲ ਰਹੇ ਨਿਰਮਾਣ ਕਾਰਜਾਂ ਦਾ ਜਾਇਜ਼ਾ ਵੀ ਲਿਆ।

---------------------------------------------

- ਵਪਾਰ ਤੇ ਸਨਅਤ ਮੰਤਰੀ ਪੀਯੂਸ਼ ਗੋਇਲ ਨੇ ਵਿਸ਼ਵਾਸ ਪ੍ਰਗਟ ਕੀਤਾ ਏ ਕਿ ਹਾਲ ਹੀ ਵਿੱਚ ਐਲਾਨੀ ਗਈ ਜੰਗਬੰਦੀ ਪੱਛਮੀ ਏਸ਼ੀਆ ਵਿੱਚ ਸਥਾਈ ਸ਼ਾਂਤੀ ਅਤੇ ਸੁਰੱਖਿਆ ਦਾ ਰਾਹ ਪੱਧਰਾ ਕਰੇਗੀ ।

- ਪੰਜਾਬ ਮੰਤਰੀ ਮੰਡਲ ਨੇ ‘‘ਜਗਤ Jot Sri Guru Granth Sahib Satkar (ਸੋਧ) ਬਿੱਲ, 2026’ ਨੂੰ ਮਨਜ਼ੂਰੀ ਦੇ ਦਿੱਤੀ ਏ। 13 ਅਪ੍ਰੈਲ ਨੂੰ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਵਿਚ ਕੀਤਾ ਜਾਵੇਗਾ ਪੇਸ਼।
- ਮਥੁਰਾ ਨੇੜੇ ਕਿਸ਼ਤੀ ਪਲਟਣ ਦੀ ਦੁਖਦਾਈ ਘਟਨਾ ਵਿੱਚ ਮਾਰੇ ਗਏ ਲੁਧਿਆਣਾ ਤੋਂ 11  ਸ਼ਰਧਾਲੂਆਂ ਵਿਚੋਂ 8 ਦਾ ਅੰਤਿਮ ਸੰਸਕਾਰ ਅੱਜ ਕਰ ਦਿੱਤਾ ਗਿਆ ਏ. ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੁਖੀ ਪਰਿਵਾਰਾਂ ਨਾਲ ਦੁੱਖ ਸਾਂਝਾ ਕੀਤਾ ਅਤੇ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ।
- ਭਾਰਤੀ ਜਨਤਾ ਪਾਰਟੀ ਪੰਜਾਬ ਦੇ ਪ੍ਰਧਾਨ ਸੁਨੀਲ ਜਾਖੜ ਨੇ  ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਵਿਗੜਦੀ ਸਥਿਤੀ ‘ਤੇ ਚਿੰਤਾ ਜ਼ਾਹਿਰ ਕਰਦਿਆਂ ਕਿਹੈ ਕਿ ਕੇਂਦਰ ਸਰਕਾਰ ਇਸ 'ਤੇ ਨਜ਼ਰ ਰੱਖ ਰਹੀ ਏ।
- CBI ਨੇ ਪੰਜਾਬ ਚੰਡੀਗੜ੍ਹ ਅਤੇ ਹਰਿਆਣਾ, ਵਿੱਚ ਸਰਗਰਮ ਭੂਪੀ ਰਾਣਾ ਗੈਂਗ ਦੇ ਥਾਈਲੈਂਡ ਤੋਂ ਲੋੜੀਂਦੇ ਭਗੌੜੇ, ਸਾਹਿਲ ਚੌਹਾਨ ਨੂੰ ਦੇਸ਼ ਵਾਪਿਸ ਲਿਆਂਦਾ ਏ

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟ ਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !